**ਪੰਜਾਬ ਸਕੂਲ ਸਿੱਖਿਆ ਬੋਰਡ**

**ਵਿੱਦਿਆ ਭਵਨ ਫੇਜ਼-8, ਸਾਹਿਬਜ਼ਾਦਾ ਅਜੀਤ ਸਿੰਘ ਨਗਰ-160062**

**(ਅਕਾਦਮਿਕ ਸ਼ਾਖਾ)**

ਵੱਲ

ਪੰਜਾਬ ਰਾਜ ਦੇ ਸਮੂਹ ਪ੍ਰਿੰਸੀਪਲ / ਮੁੱਖ ਅਧਿਆਪਕਾਂ / ਹੈਡਮਾਸਟਰ

ਨੰ: **ਪਸਸਬ-ਅਕਾਦਮਿਕ / 2025**....2173.......... **ਮਿਤੀ**18-08-2025

**ਵਿਸ਼ਾ:-** **ਦਾਖਲਾ ਸਾਲ 2025-26 ਲਈ ਅੱਠਵੀ, ਨੌਵੀਂ, ਦਸਵੀਂ, ਗਿਆਰ੍ਹਵੀ ਅਤੇ ਬਾਰ੍ਹਵੀਂ ਸ਼੍ਰੇਣੀਆ ਦਾ ਦਾਖਲਾ ਸ਼ਡਿਊਲ।**

ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਦਾਖਲਾ ਸਾਲ 2025-26 ਲਈ ਅੱਠਵੀ, ਨੌਵੀ, ਦਸਵੀ, ਗਿਆਰ੍ਹਵੀ ਅਤੇ ਬਾਰ੍ਹਵੀਂ ਸ਼੍ਰੇਣੀਆ ਦੇ ਦਾਖਲਾ ਸ਼ਡਿਊਲ ਦੀਆਂ ਮਿਤੀਆਂ ਵਿੱਚ ਵਾਧਾ ਕਰਦੇ ਹੋਏ ਬੋਰਡ ਵੱਲੋਂ ਪੱਤਰ ਨੰ. **ਪਸਸਬ-ਅਕਾਦਮਿਕ / 2025/ 2099 ਮਿਤੀ 04-08-2025** ਰਾਹੀਂ ਮਿਤੀ 05-08-2025 ਨਿਰਧਾਰਿਤ ਕੀਤਾ ਗਿਆ ਸੀ। ਜਿਸ ਵਿੱਚ ਬੋਰਡ ਵੱਲੋਂ 29-08-2025 ਤੱਕ ਦਾ ਵਾਧਾ ਕੀਤਾ ਜਾਂਦਾ ਹੈ ਅਤੇ ਰੈਗੂਲਰ ਵਿਦਿਆਰਥੀਆਂ ਲਈ ਮੁੜ ਤੋਂ ਰਿਵਾਇਜ਼ਡ ਦਾਖਲਾ ਸ਼ਡਿਊਲ ਹੇਠ ਲਿਖੇ ਅਨੁਸਾਰ ਨਿਰਧਾਰਿਤ ਕੀਤਾ ਜਾਂਦਾ ਹੈ:-

| **ਸ਼੍ਰੇਣੀ** | **ਦਾਖਲੇ ਦੀ ਅੰਤਿਮ ਮਿਤੀ (R)** |
|---|---|
| **ਅੱਠਵੀਂ ਤੋਂ ਬਾਰ੍ਹਵੀ** | **29-08-2025** |

1. ਰਜਿਸਟ੍ਰੇਸ਼ਨ ਕੰਟੀਨਿਊਸ਼ਨ ਲਈ ਪਹਿਲਾਂ ਤੋਂ ਨਿਰਧਾਰਿਤ ਸ਼ਡਿਊਲ ਦੀਆਂ ਮਿਤੀਆਂ ਵਿੱਚ ਕੋਈ ਤਬਦੀਲੀ ਨਹੀ ਕੀਤੀ ਗਈ ਹੈ।
2. ਪੰਜਾਬ ਸਕੂਲ ਸਿੱਖਿਆ ਬੋਰਡ ਦੀਆਂ ਪ੍ਰੀਖਿਆਵਾਂ ਵਿੱਚ ਪਾਸ /ਫੇਲ ਹੋਏ ਵਿਦਿਆਰਥੀ ਨਤੀਜਾ ਨਿਕਲਣ ਤੋਂ 15 ਦਿਨਾਂ ਅੰਦਰ-ਅੰਦਰ ਜਾਂ ਕੇ ਸਕੂਲ ਸਿੱਖਿਆ ਵਿਭਾਗ ਵੱਲੋਂ ਜਾਰੀ ਸ਼ਡਿਊਲ ਮੁਤਾਬਿਕ ਛੁੱਟੀਆਂ ਹੋਣ ਤਾਂ ਸਕੂਲ ਖੁਲ੍ਹਣ ਤੋਂ ਬਾਅਦ 10 ਦਿਨਾਂ ਦੇ ਅੰਦਰ ਦਾਖਲਾ ਲੈ ਸਕਦੇ ਹਨ।
3. ਸੰਸਥਾ ਮੁੱਖੀ ਲੇਟ ਦਾਖਲਾ ਲੈਣ ਵਾਲੇ ਵਿਦਿਆਰਥੀਆਂ ਦੀਆਂ ਦਾਖਲਾ ਲੈਣ ਦੀ ਮਿਤੀ ਤੋਂ 75% ਹਾਜ਼ਰੀਆਂ ਹੋਣੀਆਂ ਯਕੀਨੀ ਬਣਾਉਣਗੇ।
4. ਸਮੂਹ ਸਕੂਲ / ਸੰਸਥਾ ਮੁੱਖੀਆਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਦੂਜੇ ਰਾਜਾਂ ਤੋਂ ਸੱਤਵੀਂ, ਅੱਠਵੀਂ, ਨੌਵੀਂ, ਦਸਵੀਂ ਅਤੇ ਗਿਆਰ੍ਹਵੀਂ ਸ਼੍ਰੇਣੀ ਪਾਸ ਕਰਕੇ ਆਏ ਵਿਦਿਆਰਥੀਆਂ ਨੂੰ ਦਾਖਲੇ ਲਈ ਸਮਾਨਤਾ ਪੱਤਰ ਲੈਣਾ ਲਾਜ਼ਮੀ ਨਹੀਂ ਹੈ। ਬੋਰਡ ਦੀ ਵੈੱਬਸਾਈਟ www.pseb.ac.in ਤੇ ਉਪਲਬੱਧ ਐਮ.ਐਚ.ਆਰ.ਡੀ ਵੱਲੋਂ ਪ੍ਰਵਾਨਿਤ ਬੋਰਡਾਂ ਦੀ ਸੂਚੀ ਅਨੁਸਾਰ ਹੀ ਦੂਜੇ ਰਾਜਾਂ /ਬੋਰਡਾਂ ਤੋਂ ਪਾਸ ਕਰਕੇ ਆਏ ਵਿਦਿਆਰਥੀਆਂ ਨੂੰ ਦਾਖਲਾ ਦਿੱਤਾ ਜਾਵੇ। ਉਹ ਵਿਦਿਆਰਥੀਆਂ ਜਿਨ੍ਹਾਂ ਨੇ ਸਕੂਲ ਪੱਧਰ ਦੀ ਪੜ੍ਹਾਈ ਕਿਸੇ ਬਾਹਰਲੇ ਦੇਸ਼ ਤੋਂ ਕੀਤੀ ਹੋਵੇ ਅਤੇ ਅਗਲੇਰੀ ਪੜ੍ਹਾਈ ਪੰਜਾਬ ਸਕੂਲ ਸਿੱਖਿਆ ਬੋਰਡ ਤੋਂ ਕਰਨਾ ਚਾਹੁੰਦੇ ਹੋਣ ਤਾਂ ਉਹ ਵਿਦਿਆਰਥੀਆਂ ਨੂੰ AIU ਤੋਂ ਪ੍ਰਾਪਤ ਸਮਾਨਤਾ ਪੱਤਰ ਮੁਹੱਈਆ ਕਰਵਾਉਣ ਉਪਰੰਤ ਹੀ ਬੋਰਡ ਵੱਲੋਂ ਸਮਾਨਤਾ ਪੱਤਰ ਜਾਰੀ ਕੀਤਾ ਜਾਵੇਗਾ।
5. ਸਮੂਹ ਸਕੂਲ /ਸੰਸਥਾ ਮੁੱਖੀ ਉਪਰੋਕਤ ਦਾਖਲਾ ਸ਼ਡਿਊਲ ਦੀ ਇੰਨ-ਬਿੰਨ ਪਾਲਣਾ ਕਰਨ ਦੀ ਖੇਚਲ ਕਰਨ।

ਉਪ ਸਕੱਤਰ (ਅਕਾਦਮਿਕ)
ਪੰਜਾਬ ਸਕੂਲ ਸਿੱਖਿਆ ਬੋਰਡ।

ਪਿੱਠ ਨੰ:ਪਸਸਬ-ਸੁ-ਅਕਾਦਮਿਕ-2025/......2173-A ਮਿਤੀ:.....18-08-2025

ਉਪਰੋਕਤ ਦਾ ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1. ਚੇਅਰਮੈਨ ਜੀ ਦੇ ਨਿੱਜੀ ਸਕੱਤਰ, ਵਾਈਸ ਚੇਅਰਮੈਨ ਜੀ ਦੇ ਨਿੱਜੀ ਸਕੱਤਰ ਅਤੇ ਉਪ ਸਕੱਤਰ (ਅਕਾਦਮਿਕ) ਜੀ ਦੇ ਨਿੱਜੀ ਸਹਾਇਕਾਂ ਨੂੰ ਚੇਅਰਮੈਨ ਜੀ, ਵਾਈਸ ਚੇਅਰਮੈਨ ਜੀ, ਸਕੱਤਰ ਜੀ ਅਤੇ ਉਪ ਸਕੱਤਰ (ਅਕਾਦਮਿਕ) ਜੀ ਦੀ ਸੂਚਨਾ ਹਿੱਤ।
2. ਡਾਇਰੈਕਟਰ ਜਨਰਲ ਸਕੂਲ ਸਿੱਖਿਆ ਵਿਭਾਗ, ਪੰਜਾਬ, ਐਸ.ਏ.ਐਸ.ਨਗਰ।
3. ਡੀ.ਪੀ.ਆਈ.(ਸੈਕੰਡਰੀ ) ਪੰਜਾਬ, ਐਸ.ਏ.ਐਸ.ਨਗਰ।
4. ਪੰਜਾਬ ਰਾਜ ਦੇ ਸਮੂਹ ਸਰਕਲ ਸਿੱਖਿਆ ਅਫਸਰਾਂ ਅਤੇ ਜਿਲ੍ਹਾ ਸਿੱਖਿਆ ਅਫਸਰਾਂ (ਸੈ.ਸਿ.) ਨੂੰ :
5. ਉਪ ਸਕੱਤਰ/ਸਹਾਇਕ ਸਕੱਤਰ ਰਜਿਸਟ੍ਰੇਸ਼ਨ / ਮਾਈਗ੍ਰੇਸ਼ਨ ਸ਼ਾਖਾ ਅਤੇ ਕੰਪਿਊਟਰ ਸ਼ਾਖਾ ਪੰਜਾਬ ਸਕੂਲ ਸਿੱਖਿਆ ਬੋਰਡ।

ਸੁਪਰਡੰਟ(ਅਕਾਦਮਿਕ)
ਪੰਜਾਬ ਸਕੂਲ ਸਿੱਖਿਆ ਬੋਰਡ।